# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 14-05-2024**

ਚੋਣ ਕਮਿਸ਼ਨ ਨੇ ਦੱਸਿਆ ਏ ਕਿ ਕੱਲ੍ਹ ਹੋਈਆਂ ਲੋਕ ਸਭਾ ਚੋਣਾਂ ਦੇ ਚੌਥੇ ਗੇੜ ਵਿੱਚ 67 ਅਸ਼ਰੀਆ 71 ਫੀਸਦੀ ਮਤਦਾਨ ਦਰਜ ਕੀਤਾ ਗਿਆ ਏ । ਇਸ ਗੇੜ ਵਿੱਚ ਕੱਲ੍ਹ ਨੌ ਸੂਬਿਆਂ ਅਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਫੈਲੀਆਂ 96 ਲੋਕ ਸਭਾ ਸੀਟਾਂ 'ਤੇ ਵੋਟਾਂ ਪਈਆਂ ਸਨ । ਆਂਧਰਾ ਪ੍ਰਦੇਸ਼ ਵਿਚ ਲੋਕ ਸਭਾ ਤੇ ਸੂਬਾ ਵਿਧਾਨ ਸਭਾ ਦੋਵਾਂ ਲਈ 78 ਅਸ਼ਰੀਆ 25 ਫੀਸਦੀ ਮਤਦਾਨ ਦਰਜ ਕੀਤਾ ਗਿਆ । ਚੌਥੇ ਗੇੜ ਦੀ ਸਮਾਪਤੀ ਦੇ ਨਾਲ ਹੀ 23 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 379 ਲੋਕਸਭਾ ਹਲਕਿਆਂ ਵਿੱਚ ਪੋਲਿੰਗ ਮੁਕੰਮਲ ਹੋ ਚੁੱਕੀ ਏ । ਅਰੁਣਾਚਲ ਪ੍ਰਦੇਸ਼, ਸਿੱਕਮ ਤੇ ਆਂਧਰਾ ਪ੍ਰਦੇਸ਼ ਦੀਆਂ ਵਿਧਾਨ ਸਭਾਵਾਂ ਅਤੇ ਓਡੀਸ਼ਾ ਵਿਧਾਨ ਸਭਾ ਦੀਆਂ 28 ਵਿਧਾਨ ਸਭਾ ਸੀਟਾਂ ਲਈ ਵੀ ਪੋਲਿੰਗ ਮੁਕੰਮਲ ਹੋ ਗਈ ਏ ।

-----------------------------------------------------------------

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦਾ ਅੱਜ ਛੇਵਾਂ ਤੇ ਆਖਰੀ ਦਿਨ ਏ ਅਤੇ ਵੱਖ ਵੱਖ ਲੋਕਸਭਾ ਹਲਕਿਆਂ ਲਈ ਪ੍ਰਮੁੱਖ ਪਾਰਟੀਆਂ ਦੇ ਉਮੀਦਵਾਰਾਂ ਸਮੇਤ ਕਈ ਆਜ਼ਾਦ ਉਮੀਦਵਾਰ ਅੱਜ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕਰ ਰਹੇ ਨੇ । ਇਸ ਤੋਂ ਪਹਿਲਾਂ ਨਾਮਜ਼ਦਗੀਆਂ ਭਰਨ ਦੇ ਕੱਲ੍ਹ ਪੰਜਵੇਂ ਦਿਨ 13 ਲੋਕ ਸਭਾ ਹਲਕਿਆਂ ਲਈ ਕੁੱਲ 209 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ । ਇਸ ਤਰ੍ਹਾਂ ਸਾਰੇ 13 ਲੋਕਸਭਾ ਹਲਕਿਆਂ ਵਿਚ ਦਾਖ਼ਲ ਨਾਮਜ਼ਦਗੀਆਂ ਦੀ ਗਿਣਤੀ 372 ਤਕ ਪਹੁੰਚ ਗਈ ਏ ਈ ਕਲ ਗੁਰਦਾਸਪੁਰ ਤੋਂ 29, ਅੰਮ੍ਰਿਤਸਰ ਤੇ ਪਟਿਆਲਾ ਤੋਂ 21 - 21, ਖਡੂਰ ਸਾਹਿਬ ਤੋਂ 20, ਆਨੰਦਪੁਰ ਸਾਹਿਬ ਤੇ ਲੁਧਿਆਣਾ ਤੋਂ 19 - 19, ਫਿਰੋਜ਼ਪੁਰ ਤੋਂ 18, ਸੰਗਰੂਰ ਤੋਂ 16, ਬਠਿੰਡਾ ਤੋਂ 14, ਜਲੰਧਰ ਤੋਂ 10, ਹੁਸ਼ਿਆਰਪੁਰ ਤੇ ਫਰੀਦਕੋਟ ਤੋਂ 8 - 8 ਅਤੇ ਫਤਿਹਗੜ੍ਹ ਸਾਹਿਬ ਤੋਂ 6 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ । ਨਾਮਜਦਗੀਆਂ ਦੀ ਪੜਤਾਲ 15 ਮਈ ਨੂੰ ਕੀਤੀ ਜਾਵੇਗੀ ਅਤੇ 17 ਮਈ ਤਕ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਣਗੇ । ਸੂਬੇ

ਦੇ ਸਾਰੇ ਹੀ 13 ਲੋਕ ਸਭਾ ਹਲਕਿਆਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ।

---------------------------------------------------------------

ਆਨੰਦਪੁਰ ਸਾਹਿਬ ਲੋਕਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਡਾ: ਸੁਭਾਸ਼ ਸ਼ਰਮਾ ਨੇ ਕੱਲ੍ਹ ਬੰਗਾ ਤੇ ਗੜ੍ਹਸ਼ੰਕਰ ਵਿੱਚ ਚੋਣ ਰੈਲੀਆਂ ਨੂੰ ਸੰਬੋਧਨ ਕਰਦਿਆਂ ਸੂਬੇ ਵਿਚ ਵੱਧਦੇ ਨਸ਼ੇ ਲਈ ਸੂਬਾ ਸਰਕਾਰ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਪਹਿਲਾਂ ਨਸ਼ੇ ਸੂਬੇ ਵਿੱਚ ਲੁਕ-ਛਿਪ ਕੇ ਵਿਕਦੇ ਸਨ ਪਰ ਅੱਜ ਸਰਕਾਰ ਦੀ ਕਥਿਤ ਕਮਜ਼ੋਰੀ ਕਾਰਨ ਉਹੀ ਨਸ਼ਾ ਹਰ ਗਲੀ ਵਿੱਚ ਪਹੁੰਚ ਗਿਆ ਏ। ਡਾ: ਸੁਭਾਸ਼ ਸ਼ਰਮਾ ਨੇ ਕਿਹਾ ਕਿ ਦੋ ਸਾਲ ਪਹਿਲਾਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਭਗਵੰਤ ਮਾਨ ਹੀ ਨਹੀਂ, ਸਗੋਂ ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਨੇ ਵੀ ਸੂਬੇ ਦੇ ਲੋਕਾਂ ਨੂੰ ਨਸ਼ਾ ਖਤਮ ਕਰਨ ਦੀ ਗਾਰੰਟੀ ਦਿੱਤੀ ਸੀ ਪਰ ਅੱਜ ਗਾਰੰਟੀ ਦੇਣ ਵਾਲਿਆਂ ਤੋਂ ਕੋਈ ਗਾਰੰਟੀ ਲੈਣ ਨੂੰ ਤਿਆਰ ਨਹੀਂ ਏ। ਨਸ਼ਿਆਂ ਦੇ ਮੁੱਦੇ 'ਤੇ ਕਾਂਗਰਸ ਅਤੇ ਅਕਾਲੀਆਂ ਦੀ ਆਲੋਚਨਾ

ਕਰਦਿਆਂ ਉਨਾਂ ਕਿਹਾ ਕਿ ਦੋਵਾਂ ਪਾਰਟੀਆਂ ਦੇ ਆਗੂਆਂ ਨੇ ਇਸ ਮੁੱਦੇ 'ਤੇ ਸਿਆਸਤ ਕਰਨ ਤੋਂ ਇਲਾਵਾ ਕੁਝ ਨਹੀਂ ਕੀਤਾ ਏ।

-------------------------------------------------------

ਏਧਰ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਇਸ ਹਲਕੇ ਨੂੰ ਸੈਲਾਨੀਆਂ ਦੇ ਖੂਬਸੂਰਤ ਕੇਂਦਰ ਵਜੋਂ ਉਭਾਰਿਆ ਜਾਵੇਗਾ। ਮੋਹਾਲੀ ਦੇ ਫੇਜ਼ - 2 ਵਿਖੇ ਆਪਣੇ ਮੁੱਖ ਚੋਣ ਦਫ਼ਤਰ ਦਾ ਉਦਘਾਟਨ ਕਰਨ ਮੌਕੇ ਉਨ੍ਹਾਂ ਕਿਹਾ ਕਿ ਮੁਹਾਲੀ ਨੂੰ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ ਦੇ ਨਾਲ-ਨਾਲ ਆਈ. ਟੀ. ਹੱਬ ਦੇ ਤੌਰ ਤੇ ਵੀ ਵਿਕਸਿਤ ਕੀਤਾ ਜਾਵੇਗਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਅਤੇ ਅਕਾਲੀ ਵਰਕਰਾਂ ਨੇ ਲੋਕ ਸਭਾ ਚੋਣ ਦੀ ਕਾਮਯਾਬੀ, ਸਦਭਾਵਨਾ, ਸ਼ਾਂਤੀ ਅਤੇ ਸੂਬੇ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਪ੍ਰੋ. ਚੰਦੂਮਾਜਰਾ ਨੇ ਲੀਡਰਸ਼ਿਪ ਅਤੇ ਪਾਰਟੀ ਵਰਕਰਾਂ ਦਾ ਧੰਨਵਾਦ ਕਰਦੇ ਹੋਏ ਹਲਕੇ ਵਿੱਚ ਚੋਣ ਮੁਹਿੰਮ ਤੇਜ਼ ਕਰਨ ਲਈ ਜ਼ਿੰਮੇਵਾਰੀਆਂ ਵੀ ਨਿਰਧਾਰਤ ਕੀਤੀਆਂ।

---

ਪੰਜਾਬ ਵਿਚ ਅਗਲੇ 4- 5 ਦਿਨਾਂ ਦੌਰਾਨ ਮੌਸਮ ਆਮਤੌਰ ਤੇ ਖੁਸ਼ਕ ਬਣਿਆ ਰਹੇਗਾ ਜਿਸ ਨਾਲ ਵੱਧ ਤੋਂ ਵੱਧ ਤਾਪਮਾਨ ਵਿਚ ਕੋਈ 4 ਡਿਗਰੀ ਸੈਲਸੀਅਸ ਤਕ ਦੇ ਵਾਧੇ ਮਗਰੋਂ ਗਰਮੀ ਵਧਣ ਦੀ ਸੰਭਾਵਨਾ ਏ। ਮੌਸਮ ਵਿਭਾਗ ਨੇ ਇਸ ਬਾਰੇ ਇਕ ਸਲਾਹ ਜਾਰੀ ਕਰਦਿਆਂ ਕਿਹਾ ਕਿ 16 ਤੋਂ 18 ਮਈ ਵਿਚਾਲੇ ਸੂਬੇ ਦੇ ਕੁਝ ਹਿੱਸਿਆਂ ਵਿੱਚ ਤਾਪਮਾਨ 44 ਤੋਂ 46 ਡਿਗਰੀ ਸੈਲਸੀਅਸ ਤੱਕ ਪਹੁੰਚ ਸਕਦਾ ਏ ਅਤੇ ਲੂ ਦੇ ਹਾਲਾਤ ਪੈਦਾ ਹੋ ਸਕਦੇ ਨੇ। ਇਸੇ ਤਰ੍ਹਾਂ ਉੱਤਰੀ ਹਿੱਸਿਆਂ ਵਿੱਚ ਤਾਪਮਾਨ ਦੇ 41 ਤੋਂ 44 ਡਿਗਰੀ ਸੈਲਸੀਅਸ ਤੱਕ ਰਹਿਣ ਦੀ ਸੰਭਾਵਨਾ ਏ। ਲੂ ਦੇ ਸੰਭਾਵਤ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਗਈ ਏ।

**ਹੋਰ ਵੇਰਵੇ ਨਾਲ ਇਹ ਰਿਪੋਰਟ:*ਡਿਸਪੈਚ: ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਸਲਾਹ ਦੇਂਦਿਆਂ ਕਿਹਾ ਏ ਕਿ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ*

ਵਿਚ ਪਾਣੀ ਪਿਓ। ਸਿਰ ਨੂੰ ਟੋਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਰਸ ਰੱਖੋ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ। ਬੱਚਿਆਂ ਨੂੰ ਲੂ ਤੋਂ ਬਚਾਉਣ ਲਈ ਹਮੇਸ਼ਾ ਆਪਣੇ ਨਾਲ ਪਾਣੀ ਦੀ ਬੋਤਲ ਰੱਖੋ, ਨੀਮਬੂ ਪਾਣੀ, ਲੱਸੀ, ਨਾਰਿਯਲ ਪਾਣੀ ਅਤੇ ਤਾਜੇ ਫਲਾਂ ਦੇ ਜੂਸ ਦੀ ਲਗਾਤਾਰ ਵਰਤੋਂ ਕਰੋ। ਹਲਕੇ ਰੰਗ ਦੇ ਢਿਲੇ ਸੂਤੀ ਕੱਪੜੇ ਪਹਿਨੋ, ਗਰਮੀ ਦੇ ਮੌਸਮ ਵਿਚ ਜੰਕ ਫ਼ੂਡ ਦੀ ਵਰਤੋਂ ਨਾ ਕਰੋ, ਜੇ ਕਰ ਬੱਚਿਆਂ ਨੂੰ ਚੱਕਰ ਆਵੇ, ਉਲਟੀ, ਘਬਰਾਹਟ ਜਾਂ ਤੇਜ ਸਿਰ ਪੀੜ ਹੋਵੇ, ਛਾਤੀ ਵਿਚ ਪੀੜ ਹੋਵੇ ਜਾਂ ਸਾਹ ਲੈਣ ਵਿਚ ਤਕਲੀਫ ਹੋ ਰਹੀ ਹੋਵੇ ਤਾਂ ਤੁਰੰਤ ਡਾਕਟਰ ਦੀ ਮਦਦ ਲਵੋ ਈ ਯਕੀਨਨ ਕੁਝ ਅਜਿਹੀਆਂ ਅਹਿਮ ਸਾਵਧਾਨੀਆਂ ਵਰਤ ਕੇ ਤੇਜ ਗਰਮੀ ਅਤੇ ਲੂ ਤੋਂ ਆਪਣਾ ਤੇ

ਆਪਣੇ ਹੋਰ ਪਰਿਵਾਰਕ ਮੈਮ੍ਬ੍ਰਾਂ ਦਾ ਬਚਾਵ ਕੀਤਾ ਜਾ ਸਕਦਾ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ